ਨੰ : ਸੀ.ਸਹਾਇਕ (ਅਮਲਾ)/ਆਰ.ਟੀ.ਆਈ.ਅਪੀਲ/ਸੰ:ਰ:ਜ:/1015 ਮਿਤੀ : 14/09/2021

ਵਲੋਂ,

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਸੇਵਾ ਵਿਖੇ,

ਰਜਿਸਟਰਾਰ,
ਸਹਿਕਾਰੀ ਸਭਾਵਾਂ, ਪੰਜਾਬ,
ਚੰਡੀਗੜ।

ਰਜਿਸਟਰਾਰ
ਸਹਿਕਾਰੀ ਸਭਾਵਾਂ, ਪੰਜਾਬ,
ਚੰਡੀਗੜ :
16 SEP 2021
6172

ਵਿਸ਼ਾ :- ਆਰ.ਟੀ.ਆਈ.ਐਕਟ-2005 ਤਹਿਤ ਦਾਇਰ ਕੀਤੀ ਗਈ ਅਪੀਲ ਦਾ ਫੈਸਲਾ ਆੱਨ-ਲਾਈਨ ਕਰਨ ਬਾਰੇ।

ਯਾਦ ਪੱਤਰ :

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਬੇਨਤੀ ਸਹਿਤ ਸੂਚਿਤ ਕੀਤਾ ਜਾਂਦਾ ਹੈ ਕਿ ਸ਼੍ਰੀ ਤੁਸ਼ਾਰ ਸ਼ੁਰਮਾ ਪੁੱਤਰ ਸ਼੍ਰੀ ਪਰਮਵੀਰ ਸ਼ੁਰਮਾ, ਵਕੀਲ, ਕੋਠੀ ਨੰਬਰ 2220, ਸੈਕਟਰ 15-ਸੀ, ਚੰਡੀਗੜ ਵਲੋਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਰਾਹੀਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਅਦਾਲਤ ਵਿੱਚ ਅਪੀਲ ਦਾਇਰ ਕੀਤੀ ਗਈ ਸੀ। ਇਸ ਅਪੀਲ ਦਾ ਫੈਸਲਾ ਇਸ ਅਦਾਲਤ ਵਲੋਂ ਮਿਤੀ : 16.08.2021 ਨੂੰ ਕਰ ਦਿੱਤਾ ਗਿਆ ਹੈ।

ਡਾਇਰੈਕਟੋਰੇਟ, ਪ੍ਰਸ਼ਾਸਨਿਕ ਸੁਧਾਰ, ਪੰਜਾਬ (ਆਰ.ਟੀ.ਆਈ.ਨੋਡਲ ਸੈਲ-ਪੰਜਾਬ ਸਿਵਲ ਸਕੱਤਰੇਤ-2) ਸੈਕਟਰ-9, ਚੰਡੀਗੜ ਜੀ ਵਲੋਂ ਜਾਰੀ ਪੱਤਰ ਨੰ : ਅੰ.ਵਿ.ਪੰ ਨੰ: 51/8/2014/2 ਆਰ.ਟੀ.ਆਈ.ਐਨ.ਸੀ./162, ਮਿਤੀ : 29.06.2015, ਜੋ ਮੁੱਖ-ਦਫਤਰ ਦੇ ਪਿੱਠ ਅੰਕਣ ਨੰ : ਅਮਲਾ/ ਅਸਗ-2/ ਆਰ.ਟੀ.ਆਈ./ 7698, ਮਿਤੀ : 29.06.2015 ਰਾਹੀਂ ਇਸ ਦਫਤਰ ਵਿੱਚ ਪ੍ਰਾਪਤ ਹੋਇਆ, ਰਾਹੀਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸ਼੍ਰੀ ਤੁਸ਼ਾਰ ਸ਼ੁਰਮਾ (ਅਪੀਲਕਰਤਾ) ਵਲੋਂ ਦਾਇਰ ਕੀਤੀ ਗਈ ਅਪੀਲ ਅਤੇ ਇਸ ਅਦਾਲਤ ਵਲੋਂ ਕੀਤੇ ਗਏ ਫੈਸਲਾ ਮਿਤੀ : 16.08.2021 ਦੀ ਤਸਦੀਕਸ਼ੁਦਾ ਕਾਪੀ ਇਸ ਪੱਤਰ ਨਾਲ ਨੱਥੀ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਹ ਦਸਤਾਵੇਜ਼ ਵਿਭਾਗ ਦੀ ਵੈਬ-ਸਾਈਟ ਤੇ ਆੱਨ-ਲਾਈਨ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ ਜੀ।

ਸਹਿਪੱਤਰ/ ਉਪਰੋਕਤ ਅਨੁਸਾਰ।

ਸੰਯੁਕਤ ਰਜਿਸਟਰਾਰ
(ਐਪੀਲੈਂਟ ਅਥਾਰਟੀ)
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਨੰ : ਸੀ:ਸ: (ਅਮਲਾ)/RTI ਅਪੀਲ / ਸੰ:ਰ:ਜ:/.......... ਮਿਤੀ : ............
ਵਲੋਂ,

ਸੰਯੁਕਤ ਰਜਿਸਟਰਾਰ,
(ਐਪੀਲਾਂਟ ਅਥਾਰਟੀ)
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਵੱਲ,

1. ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਜਲੰਧਰ।
2. ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਨਕੋਦਰ।
3. ਸ੍ਰੀ ਤੁਸ਼ਾਰ ਸ਼ਰਮਾ ਪੁੱਤਰ ਸ੍ਰੀ ਧਰਮਵੀਰ ਸ਼ਰਮਾ, ਵਕੀਲ, ਕੋਠੀ ਨੰਬਰ 2220, ਸੈਕਟਰ 15-ਸੀ, ਚੰਡੀਗੜ।

ਵਿਸ਼ਾ :- ਰਾਈਟ ਟੂ ਇਨਫਰਮੇਸ਼ਨ ਐਕਟ - 2005 ਤਹਿਤ ਅਪੀਲ ਨੰਬਰ 103 ਆਫ 2020 ਬਾਰੇ (ਵਲੋਂ ਸ੍ਰੀ ਤੁਸ਼ਾਰ ਸ਼ਰਮਾ ਪੁੱਤਰ ਸ੍ਰੀ ਧਰਮਵੀਰ ਸ਼ਰਮਾ)।

ਹਾਜਰੀ ਮਿਤੀ : 16.08.2021 :

ਸ੍ਰੀ ਬਹਾਦੁਰ ਸਿੰਘ, ਜੂਨੀਅਰ ਸਹਾਇਕ ਦਫਤਰ ਉਪ-ਰਜਿਸਟਰਾਰ, (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ।

ਹੁੱਕਮ :

ਅਪੀਲਕਰਤਾ ਵਲੋਂ ਦਰਖਾਸਤ ਮਿਤੀ : 23.04.2021 (ਜੋ ਮਿਤੀ : 26.07.2021 ਨੂੰ ਇਸ ਦਫਤਰ ਵਿੱਚ ਰਸੀਟ ਹੋਈ) ਰਾਹੀਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਅਦਾਲਤ ਵਿੱਚ ਅਪੀਲ ਦਾਇਰ ਕੀਤੀ ਗਈ। ਪ੍ਰਾਰਥੀ ਵਲੋਂ ਦਿੱਤੀ ਗਈ ਦਰਖਾਸਤ ਅਨੁਸਾਰ ਉਸ ਵਲੋਂ ਦਰਖਾਸਤ ਮਿਤੀ ; 04.03.2021 ਰਾਹੀਂ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ),ਸਹਿਕਾਰੀ ਸਭਾਵਾਂ, ਜਲੰਧਰ ਅਤੇ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਨਕੋਦਰ ਪਾਸੋਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਦੀ ਨਕੋਦਰ ਸਹਿਕਾਰੀ ਖੰਡ ਮਿੱਲਜ਼ ਲਿਮ: ਨਕੋਦਰ ਨਾਲ ਸਬੰਧਤ ਸੂਚਨਾ ਲੈਣ ਵਾਸਤੇ ਅਪਲਾਈ ਕੀਤਾ ਗਿਆ ਸੀ ਪਰੰਤੂ ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਉਸਨੂੰ ਪ੍ਰਾਪਤ ਨਹੀਂ ਹੋਈ।

ਪ੍ਰਾਰਥੀ ਵਲੋਂ ਦਾਇਰ ਕੀਤੀ ਗਈ ਅਪੀਲ ਦੀ ਸੁਣਵਾਈ ਵਾਸਤੇ ਦੋਵਾਂ ਧਿਰਾਂ ਨੂੰ ਨੋਟਿਸ ਜਾਰੀ ਕੀਤਾ ਗਿਆ ਅਤੇ ਵੱਖ-ਵੱਖ ਮਿਤੀਆਂ ਨੂੰ ਕੇਸ ਦੀ ਸੁਣਵਾਈ ਕੀਤੀ ਗਈ।

ਮਿਤੀ : 09.08.2021 ਨੂੰ ਅਪੀਲ ਦੀ ਸੁਣਵਾਈ ਦੌਰਾਨ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਜਲੰਧਰ ਦਫਤਰ ਵਲੋਂ ਸ੍ਰੀ ਬਹਾਦੁਰ ਸਿੰਘ, ਜੂਨੀਅਰ ਸਹਾਇਕ ਹਾਜਰ ਆਇਆ ਅਤੇ ਉਸ ਵਲੋਂ ਉਪ-ਰਜਿਸਟਰਾਰ (ਪਬਲਿਕ

.........2.........

ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਜਲੰਧਰ ਦਫਤਰ ਦੇ ਪੱਤਰ ਨੰ : ਰ.ਕ./ ਡੀ.ਆਰ. ਜੇ./ 454, ਮਿਤੀ: 09.08.2021 ਰਾਹੀਂ ਦਿੱਤਾ ਗਿਆ ਜਵਾਬ ਪੇਸ਼ ਕੀਤਾ ਗਿਆ। ਜਵਾਬ ਅਨੁਸਾਰ ਪ੍ਰਾਰਥੀ ਵਲੋਂ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਮਿਤੀ : 15.03.2021 ਨੂੰ ਪ੍ਰਾਪਤ ਹੋਈ, ਜਿਸ ਤੇ ਕਾਰਵਾਈ ਕਰਦੇ ਹੋਏ ਪੱਤਰ ਨੰ : 1719, ਮਿਤੀ : 15.03.2021 ਰਾਹੀਂ ਹੀ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ)ਸਹਿਕਾਰੀ ਸਭਾਵਾਂ, ਨਕੋਦਰ ਵਲੋਂ ਮੰਗੀ ਗਈ ਸੂਚਨਾ ਉਸਨੂੰ ਮੁਹੱਈਆ ਕਰਵਾਉਣ ਲਈ ਲਿਖਿਆ ਗਿਆ। ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ, ਨਕੋਦਰ ਵਲੋਂ ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਪੱਤਰ ਨੰ : 142, ਮਿਤੀ : 01.04.2021 ਰਾਹੀਂ ਭੇਜੀ ਗਈ ਜੋ ਮਿਤੀ : 12.04.2021 ਨੂੰ ਉਪ-ਰਜਿਸਟਰਾਰ ਦਫਤਰ ਵਿੱਚ ਪ੍ਰਾਪਤ ਹੋਈ। ਪ੍ਰਾਰਥੀ ਵਲੋਂ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਨਾਲ ਭੇਜੀ ਗਈ ਫੀਸ ਦੀ ਰਕਮ ਘੱਟ ਹੋਣ ਕਾਰਨ ਪ੍ਰਾਰਥੀ ਨੂੰ ਬਕਾਇਆ ਫੀਸ ਭੇਜਣ ਹਿੱਤ ਲਿਖਿਆ ਗਿਆ। ਪ੍ਰਾਰਥੀ ਪਾਸੋਂ ਮੰਗੀ ਗਈ ਬਕਾਇਆ ਫੀਸ ਦੀ ਰਕਮ ਮਿਤੀ : 26.04.2021 ਨੂੰ ਉਪ-ਰਜਿਸਟਰਾਰ ਦਫਤਰ ਵਿੱਚ ਪ੍ਰਾਪਤ ਹੋਈ। ਇਸ ਉਪਰੰਤ ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ, ਜਲੰਧਰ ਦੇ ਪੱਤਰ ਨੰ: 3218, ਮਿਤੀ : 28.04.2021 ਰਾਹੀਂ ਪ੍ਰਾਰਥੀ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਦਿੱਤੀ ਗਈ। ਇਸ ਸਬੰਧ ਵਿੱਚ ਉਪ-ਰਜਿਸਟਰਾਰ ਦਫਤਰ ਵਲੋਂ ਹਾਜਰ ਆਏ ਕਰਮਚਾਰੀ ਵਲੋਂ ਰਜਿਸਟਰਡ ਡਾਕ ਦੀ ਡਲਿਵਰੀ ਸਬੰਧੀ ਆੱਨ ਲਾਈਨ ਰਸੀਦ ਪੇਸ਼ ਕੀਤੀ ਗਈ ਜਿਸ ਅਨੁਸਾਰ ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਉਸ ਵਲੋਂ ਮਿਤੀ : 30.04.2021 ਨੂੰ ਪ੍ਰਾਪਤ ਕਰ ਲਈ ਗਈ ਹੈ।

ਪ੍ਰਾਰਥੀ ਵਲੋਂ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਮਿਤੀ : 04.03.2021 ਰਾਹੀਂ ਮੰਗੀ ਗਈ ਸੂਚਨਾ ਉਸਨੂੰ ਮਿਤੀ : 30.04.2021 ਰਾਹੀਂ ਪ੍ਰਾਪਤ ਹੋ ਚੁੱਕੀ ਹੈ। ਇਸ ਲਈ ਇਹ ਅਪੀਲ ਦਾਖਲ ਦਫਤਰ ਕੀਤੀ ਜਾਂਦੀ ਹੈ।

ਪ੍ਰਾਰਥੀ ਅਗਰ ਇਸ ਅਦਾਲਤ ਵਲੋਂ ਕੀਤੇ ਗਏ ਫੈਸਲੇ ਨਾਲ ਸੰਤੁਸ਼ਟ ਨਾ ਹੋਵੇ ਤਾਂ ਉਹ ਦੂਸਰੀ ਐਪੀਲਾਂਟ ਅਥਾਰਟੀ ਮਾਨਯੋਗ ਸਟੇਟ ਇਨਫਰਮੇਸ਼ਨ ਕਮਿਸ਼ਨ, ਪੰਜਾਬ ਜੀ ਦੀ ਅਦਾਲਤ ਵਿੱਚ ਅਪੀਲ ਦਾਇਰ ਕਰ ਸਕਦਾ ਹੈ।

ਮਿਤੀ : 16.08.2021.

ਸੰਯੁਕਤ ਰਜਿਸਟਰਾਰ
(ਐਪੀਲਾਂਟ ਅਥਾਰਟੀ)
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।